# ਪੰਜਾਬ ਐਜੂਸੈਟ ਸੁਸਾਇਟੀ

**ਐਸ.ਸੀ.ਓ.104-106,ਦੂਜੀ ਮੰਜ਼ਿਲ, ਸੈਕਟਰ-34ਏ, ਚੰਡੀਗੜ੍ਹ,**

ਫੋਨ ਨੰ: 0172-2623207, 2621104, 2621106, ਫੈਕਸ: 2624687 **ਈ-ਮੇਲ** eudsat.punjab@gmail.com

ਸੇਵਾ ਵਿਖੇ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.),
ਪੰਜਾਬ ।

ਮੀਮੋ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3094
ਮਿਤੀ, ਚੰਡੀਗੜ੍ਹ: 29.08.2012

**ਵਿਸ਼ਾ: ਐਜੂਸੈਟ ਟਾਈਮ ਸ਼ਡਿਊਲ (ਸਤੰਬਰ, 2012)**

1.0 ਸਤੰਬਰ 2012 ਦੀ ਐਜੂਸੈਟ ਸ਼ਡਿਊਲ ਜਿਸ ਵਿੱਚ 8ਵੀਂ ਤੋਂ 12ਵੀਂ ਜਮਾਤ ਲਈ ਸਕੂਲ ਸਿੱਖਿਆ ਵਿਭਾਗ ਲਈ ਨਸ਼ਰ ਕੀਤੇ ਜਾਣ ਵਾਲੇ ਰੈਗੂਲਰ ਪ੍ਰੋਗਰਾਮ ਦਾ ਵੇਰਵਾ ਹੈ, ਭੇਜੀ ਜਾ ਰਹੀ ਹੈ। ਕ੍ਰਿਪਾ ਕਰਕੇ ਸਬੰਧਤ ਸਕੂਲ ਮੁੱਖੀਆਂ ਨੂੰ ਹਦਾਇਤਾ ਜਾਰੀ ਕਰ ਦਿੱਤੀਆਂ ਜਾਣ ਕਿ ਉਹ ਯਕੀਨੀ ਬਣਾਉਣ ਕਿ ਸ਼ਡਿਊਲ ਮੁਤਾਬਿਕ ਸਬੰਧਤ ਵਿਸ਼ਾ ਅਧਿਆਪਕ ਅਤੇ ਵਿਦਿਆਰਥੀ ਐਜੂਸੈੱਟ ਰੂਮ ਵਿੱਚ ਹਾਜ਼ਰ ਰਹਿ ਕਿ ਨਸ਼ਰ ਕੀਤੇ ਪ੍ਰੋਗਰਾਮਾ ਵਿੱਚ ਭਾਗ ਲੈਣ।ਕਿਸੇ ਤਕਨੀਕੀ ਖਰਾਬੀ ਕਾਰਣ ਨੈਟਵਰਕ ਫੇਲ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ ਅਧਿਆਪਕ ਟਾਪਿਕ ਨੂੰ ਪੂਰਾ ਕਰੇਗਾ। ਐਜੂਸੈਟ ਲੈਬ ਦੀ ਵਰਤੋਂ ਪੀਰੀਅਡ ਐਡਜਸਟਮੈਂਟ ਲਈ ਜਰੂਰ ਕੀਤੀ ਜਾਵੇ।

1.1 ਸਤੰਬਰ ਮਹੀਨੇ ਵਿੱਚ ਹੋਣ ਵਾਲੇ ਇਮਤੀਹਾਨਾਂ ਦੇ ਦਿਨਾਂ ਵਿੱਚ ਸਬੰਧਤ ਜਮਾਤ ਨੂੰ ਐਜੂਸੈਟ ਦੇ ਪ੍ਰੋਗਰਾਮ ਅਟੈਂਡ ਕਰਨ ਤੋਂ ਛੋਟ ਹੋਵੇਗੀ।

2.0 ਐਜੂਸੈਟ ਰੂਮ ਅਤੇ ਐਜੂਸੈਟ ਲੈਬ ਵਿੱਚ ਹਰ ਸਬੰਧਤ ਪੀਰੀਅਡ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਐਜੂਸੈੱਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋ ਟੈਲੀਫੂਨ ਰਾਹੀ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ, ਐਜੂਸੈਟ ਪ੍ਰੋਗਰਾਮਾ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ ਹੋਵੇ।

3.0 ਸਕੂਲ ਮੁੱਖੀ ਇਹ ਵੀ ਸੁਨਿਸ਼ਚਿੱਤ ਕਰੇਗਾ ਕਿ ਐਜੂਸੈਟ ਲੈਬ ਅਤੇ ਐਜੂਸੈਟ ਰੂਮ ਦੀ ਵਿਦਿਆਰਥੀਆਂ ਅਤੇ ਅਧਿਆਪਕਾਂ ਦੁਆਰਾ ਪੂਰੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਸਬੰਧਤ ਇੰਚਾਰਜਾਂ ਦੁਆਰਾ ਇਹਨਾਂ ਦੀ ਸਫਾਈ, ਰੱਖ ਰੱਖਾਵ ਅਤੇ ਚੋਰੀ ਤੋਂ ਬਚਾਉਣ ਲਈ ਪੂਰਾ ਖਿਆਲ ਰੱਖਿਆ ਜਾ ਰਿਹਾ

ਹੈ। ਇਸ ਤੋਂ ਇਲਾਵਾ ਕਮਰੇ ਦੇ ਬਾਹਰ ਲਿਖਿਆ ਜਾਵੇ ਕਿ ਇਹ "ਐਜੂਸੈਟ ਰੂਮ"/"ਐਜੂਸੈਟ ਲੈਬ" ਹੈ ਤਾਂ ਜੋ ਸਬੰਧਤਾ ਨੂੰ ਇਸ ਬਾਰੇ ਜਾਣਕਾਰੀ ਰਹੇ।

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਐਜੂਸੈਟ ਸੁਸਾਇਟੀ**

ਪਿੱਠ ਅੰਕਣ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3095
ਮਿਤੀ,ਚੰਡੀਗੜ੍ਹ: 29.08.2012

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ, ਨਾਭਾ ਅਤੇ ਜਲੰਧਰ
2. ਡੀ.ਪੀ.ਆਈ. (ਸੈ.ਸਿ.) ਪੰਜਾਬ, ਚੰਡੀਗੜ੍ਹ
3. ਸ਼੍ਰੀ ਰਾਜਵੀਰ, ਡੀ.ਐਮ.(ਐਮ.ਆਈ.ਐਸ), ਐਸ.ਐਸ.ਏ ਪੰਜਾਬ।
4. ਸਬੰਧਤ ਵਿਸ਼ਾ ਮਾਹਿਰ, ਐਜੂਸੈਟ ।

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਐਜੂਸੈਟ ਸੁਸਾਇਟੀ**